# ਖਾਲਸਾ ਕਾਲਜ ਦੇ ਐਨ.ਸੀ.ਸੀ ਵਿਭਾਗ ਨੇ ਮਨਾਇਆ 'ਰਾਸ਼ਟਰੀ ਸਵੱਛਤਾ ਦਿਵਸ'

ਸ੍ਰੀ ਅਨੰਦਪੁਰ ਸਾਹਿਬ 31 ਜਨਵਰੀ (ਜੋਗਿੰਦਰ ਰਾਣਾ) - ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ 23 ਪੰਜਾਬ ਬਟਾਲੀਅਨ ਐਨ.ਸੀ.ਸੀ ਵਿੰਗ ਦੇ ਕੈਡਿਟਸ ਨੇ ਭਾਰਤ ਸਰਕਾਰ ਰੱਖਿਆ ਮੰਤਰਾਲੇ, ਡੀ.ਜੀ ਐਨ.ਸੀ.ਸੀ ਵੱਲੋਂ ਹੋਏ ਆਦੇਸ਼ਾਂ ਅਨੁਸਾਰ ਸਵੱਛ ਭਾਰਤ ਅਭਿਆਨ ਮੁਹਿਮ ਤਹਿਤ 'ਰਾਸ਼ਟਰੀ ਸਵੱਛਤਾ ਦਿਵਸ' ਮਨਾਇਆ। ਜ਼ਿਕਰਯੋਗ ਹੈ ਕਿ ਕਾਲਜ ਦੇ ਐਨ.ਸੀ.ਸੀ ਦੇ ਕੈਡਿਟਸ ਨੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਅਤੇ ਕਰਨਲ ਸ਼ਸ਼ੀ ਭੂਸ਼ਣ ਰਾਣਾ ਜੀ ਦੇ ਨਿਰਦੇਸ਼ਾਂ ਅਨੁਸਾਰ ਸੌਂਹ ਚੁੱਕ ਕੇ ਇਹ ਪ੍ਰਣ ਲਿਆ ਕਿ ਉਹ ਕਾਲਜ ਤੋਂ ਇਲਾਵਾ ਇਲਾਕੇ ਦੀ ਅੰਦਰੂਨੀ ਅਤੇ ਬਾਹਰੀ ਸਵੱਛਤਾ ਦਾ ਧਿਆਨ ਰੱਖਣਗੇ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੀ ਭੂਮਿਕਾ ਨਿਭਾਉਣਗੇ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੁਆਰਾ ਐਨ.ਸੀ.ਸੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਕੈਡਿਟਸ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਇੱਕ





ਸਿਹਤਮੰਦ ਅਤੇ ਖੁਸ਼ਹਾਲ ਜੀਵਨ ਬਤੀਤ ਕਰਨ ਲਈ ਸਾਡੇ ਵਾਤਾਵਰਣ ਦਾ ਸਵੱਛ ਹੋਣਾ ਬਹੁਤ ਜ਼ਰੂਰੀ ਹੈ ਕਿਉਂਕਿ ਸਵੱਛਤਾ ਨਾ ਕੇਵਲ ਸਾਨੂੰ ਬਿਮਾਰੀਆਂ ਤੋਂ ਬਚਾਉਂਦੀ ਹੈ ਸਗੋਂ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਵੀ ਸਿਹਤਮੰਦ ਬਣਾਉਂਦੀ ਹੈ। ਇਸ ਲਈ ਉਨ੍ਹਾਂ ਸਾਰੇ ਕੈਡਿਟਸ ਨੂੰ ਕਾਲਜ ਦੇ ਵਿਦਿਆਰਥੀਆਂ ਨੂੰ ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਅਤੇ ਨਾਗਰਿਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਲੈਫਟੀਨੈਂਟ ਸੰਦੀਪ ਕੁਮਾਰ ਨੇ ਕਾਲਜ ਪ੍ਰਿੰਸੀਪਲ ਸਾਹਿਬ ਵੱਲੋਂ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਕਾਲਜ, ਇਲਾਕੇ ਅਤੇ ਦੇਸ਼ ਦੀ ਸੇਵਾ ਲਈ ਕਾਲਜ ਦੇ ਐਨ.ਸੀ.ਸੀ ਕੈਡਿਟਸ ਨਿਰੰਤਰ ਅਜਿਹੇ ਕਾਰਜ ਕਰਨ ਲਈ ਤਿਆਰ ਬਰ ਤਿਆਰ ਰਹਿਣਗੇ।

ਦੇਸ਼ ਪ੍ਰਦੇਸ਼ ਟਾਈਮਜ਼
www.deshpardeshtimes.com

ਪੰਜਾਬ ਟਾਈਮਜ਼
Leading Punjabi daily newspaper

# ਖਾਲਸਾ ਕਾਲਜ ਦੇ ਐਨ.ਸੀ.ਸੀ ਵਿਭਾਗ ਨੇ ਮਨਾਇਆ 'ਰਾਸ਼ਟਰੀ ਸਵੱਛਤਾ ਦਿਵਸ'

ਪੰਜਾਬ ਟਾਈਮਜ਼ ਵਿਸ਼ੇਸ਼




ਸ੍ਰੀ ਅਨੰਦਪੁਰ ਸਾਹਿਬ, 31 ਜਨਵਰੀ (ਦਵਿੰਦਰਪਾਲ ਸਿੰਘ, ਅੰਕੁਸ਼)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ 23 ਪੰਜਾਬ ਬਟਾਲੀਅਨ ਐਨ.ਸੀ.ਸੀ ਵਿੰਗ ਦੇ ਕੈਡਿਟਸ ਨੇ ਭਾਰਤ ਸਰਕਾਰ ਰੱਖਿਆ ਮੰਤਰਾਲੇ, ਡੀ.ਜੀ ਐਨ.ਸੀ.ਸੀ ਵੱਲੋਂ ਹੋਏ ਆਦੇਸ਼ਾਂ ਅਨੁਸਾਰ ਸਵੱਛ ਭਾਰਤ ਅਭਿਆਨ ਮੁਹਿਮ ਤਹਿਤ 'ਰਾਸ਼ਟਰੀ ਸਵੱਛਤਾ ਦਿਵਸ' ਮਨਾਇਆ। ਜ਼ਿਕਰਯੋਗ ਹੈ ਕਿ ਕਾਲਜ ਦੇ ਐਨ.ਸੀ.ਸੀ ਦੇ ਕੈਡਿਟਸ ਨੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਅਤੇ ਕਰਨਲ ਸ਼ਸ਼ੀ ਭੂਸ਼ਣ ਰਾਣਾ ਜੀ ਦੇ ਨਿਰਦੇਸ਼ਾਂ ਅਨੁਸਾਰ ਸੌਂਹ ਚੁੱਕ ਕੇ ਇਹ ਪ੍ਰਣ ਲਿਆ ਕਿ ਉਹ ਕਾਲਜ ਤੋਂ ਇਲਾਵਾ ਇਲਾਕੇ ਦੀ ਅੰਦਰੂਨੀ ਅਤੇ ਬਾਹਰੀ ਸਵੱਛਤਾ ਦਾ ਧਿਆਨ ਰੱਖਣਗੇ ਅਤੇ ਇੱਕ ਜ਼ਿੰਮੇਵਾਰ ਨਾਗਰਿਕ ਹੋਣ ਦੀ ਭੂਮਿਕਾ ਨਿਭਾਉਣਗੇ।ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੁਆਰਾ ਐਨ.ਸੀ.ਸੀ ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਕੈਡਿਟਸ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਇੱਕ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਬਤੀਤ ਕਰਨ ਲਈ ਸਾਡੇ ਵਾਤਾਵਰਣ ਦਾ ਸਵੱਛ ਹੋਣਾ ਬਹੁਤ ਜ਼ਰੂਰੀ ਹੈ ਕਿਉਂਕਿ ਸਵੱਛਤਾ ਨਾ ਕੇਵਲ ਸਾਨੂੰ ਬਿਮਾਰੀਆਂ ਤੋਂ ਬਚਾਉਂਦੀ ਹੈ ਸਗੋਂ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਵੀ ਸਿਹਤਮੰਦ ਬਣਾਉਂਦੀ ਹੈ। ਇਸ ਲਈ ਉਨ੍ਹਾਂ ਸਾਰੇ ਕੈਡਿਟਸ ਨੂੰ ਕਾਲਜ ਦੇ ਵਿਦਿਆਰਥੀਆਂ ਨੂੰ ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਅਤੇ ਨਾਗਰਿਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਲੈਫਟੀਨੈਂਟ ਸੰਦੀਪ ਕੁਮਾਰ ਨੇ ਕਾਲਜ ਪ੍ਰਿੰਸੀਪਲ ਸਾਹਿਬ ਵੱਲੋਂ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਕਾਲਜ, ਇਲਾਕੇ ਅਤੇ ਦੇਸ਼ ਦੀ ਸੇਵਾ ਲਈ ਕਾਲਜ ਦੇ ਐਨ.ਸੀ.ਸੀ ਕੈਡਿਟਸ ਨਿਰੰਤਰ ਅਜਿਹੇ ਕਾਰਜ ਕਰਨ ਲਈ ਤਿਆਰ ਬਰ ਤਿਆਰ ਰਹਿਣਗੇ।

Main Edition
Feb 1, 2023 Page No. 7
Powered by : eRelego.com

# ਖਾਲਸਾ ਕਾਲਜ ਦੇ ਐੱਨ. ਸੀ. ਸੀ. ਵਿਭਾਗ ਨੇ ਮਨਾਇਆ 'ਰਾਸ਼ਟਰੀ ਸਵੱਛਤਾ ਦਿਵਸ'




ਖਾਲਸਾ ਕਾਲਜ ਦੇ ਐੱਨ. ਸੀ. ਸੀ. ਵਿਭਾਗ ਵੱਲੋਂ ਮਨਾਏ ਰਾਸ਼ਟਰੀ ਸਵੱਛਤਾ ਦਿਵਸ ਦਾ ਦ੍ਰਿਸ਼ (ਜਸਮੀਤ)

ਸ੍ਰੀ ਅਨੰਦਪੁਰ ਸਾਹਿਬ, 31 ਜਨਵਰੀ (ਜਸਮੀਤ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ 23 ਪੰਜਾਬ ਬਟਾਲੀਅਨ ਐਨ.ਸੀ.ਸੀ ਵਿੰਗ ਦੇ ਕੈਡਿਟਸ ਨੇ ਭਾਰਤ ਸਰਕਾਰ ਰੱਖਿਆ ਮੰਤਰਾਲੇ, ਡੀ.ਜੀ ਐੱਨ. ਸੀ. ਸੀ. ਵੱਲੋਂ ਹੋਏ ਆਦੇਸ਼ਾਂ ਅਨੁਸਾਰ ਸਵੱਛ ਭਾਰਤ ਅਭਿਆਨ ਮੁਹਿੰਮ ਤਹਿਤ 'ਰਾਸ਼ਟਰੀ ਸਵੱਛਤਾ ਦਿਵਸ' ਮਨਾਇਆ। ਜ਼ਿਕਰਯੋਗ ਹੈ ਕਿ ਕਾਲਜ ਦੇ ਐੱਨ. ਸੀ. ਸੀ. ਦੇ ਕੈਡਿਟਸ ਨੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਅਤੇ ਕਰਨਲ ਸ਼ਸ਼ੀ ਭੂਸ਼ਣ ਰਾਣਾ ਜੀ ਦੇ ਨਿਰਦੇਸ਼ਾਂ ਅਨੁਸਾਰ ਸਹੁੰ ਚੁੱਕ ਕੇ ਇਹ ਪ੍ਰਣ ਲਿਆ ਕਿ ਉਹ ਕਾਲਜ ਤੋਂ ਇਲਾਵਾ ਇਲਾਕੇ ਦੀ ਅੰਦਰੂਨੀ ਅਤੇ ਬਾਹਰੀ ਸਵੱਛਤਾ ਦਾ ਧਿਆਨ ਰੱਖਣਗੇ ਅਤੇ ਇਕ ਜ਼ਿੰਮੇਵਾਰ ਨਾਗਰਿਕ ਹੋਣ ਦੀ ਭੂਮਿਕਾ ਨਿਭਾਉਣਗੇ।

ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਦੁਆਰਾ ਐੱਨ.ਸੀ.ਸੀ. ਵਿਭਾਗ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਕੈਡਿਟਸ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਇਕ ਸਿਹਤਮੰਦ ਅਤੇ ਖੁਸ਼ਹਾਲ ਜੀਵਨ ਬਤੀਤ ਕਰਨ ਲਈ ਸਾਡੇ ਵਾਤਾਵਰਨ ਦਾ ਸਵੱਛ ਹੋਣਾ ਬਹੁਤ ਜ਼ਰੂਰੀ ਹੈ ਕਿਉਂਕਿ ਸਵੱਛਤਾ ਨਾ ਕੇਵਲ ਸਾਨੂੰ ਬੀਮਾਰੀਆਂ ਤੋਂ ਬਚਾਉਂਦੀ ਹੈ ਸਗੋਂ ਸਾਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਵੀ ਸਿਹਤਮੰਦ ਬਣਾਉਂਦੀ ਹੈ। ਇਸ ਲਈ ਉਨ੍ਹਾਂ ਸਾਰੇ ਕੈਡਿਟਸ ਨੂੰ ਕਾਲਜ ਦੇ ਵਿਦਿਆਰਥੀਆਂ ਨੂੰ ਸਫ਼ਾਈ ਦੀ ਮਹੱਤਤਾ ਬਾਰੇ ਜਾਗਰੂਕ ਕਰਨ ਅਤੇ ਨਾਗਰਿਕਾਂ ਨੂੰ ਆਪਣਾ ਆਲਾ-ਦੁਆਲਾ ਸਾਫ਼ ਰੱਖਣ ਲਈ ਪ੍ਰੇਰਿਤ ਕੀਤਾ।

ਇਸ ਦੌਰਾਨ ਲੈਫ਼ਟੀਨੈਂਟ ਸੰਦੀਪ ਕੁਮਾਰ ਨੇ ਕਾਲਜ ਪ੍ਰਿੰਸੀਪਲ ਸਾਹਿਬ ਵੱਲੋਂ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਕਾਲਜ, ਇਲਾਕੇ ਅਤੇ ਦੇਸ਼ ਦੀ ਸੇਵਾ ਲਈ ਕਾਲਜ ਦੇ ਐੱਨ.ਸੀ.ਸੀ ਕੈਡਿਟਸ ਨਿਰੰਤਰ ਅਜਿਹੇ ਕਾਰਜ ਕਰਨ ਲਈ ਤਿਆਰ ਬਰ ਤਿਆਰ ਰਹਿਣਗੇ।

Created with Mi Notes